## ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ), ਬਠਿੰਡਾ।

ਵੱਲ

ਸਮੂਹ ਪ੍ਰਿੰਸੀਪਲ/ਹੈੱਡ ਮਾਸਟਰ,
ਜ਼ਿਲ੍ਹਾ ਬਠਿੰਡਾ।

ਪੱਤਰ ਨੰ: ਜੀ-5/1()/2026/405 ਮਿਤੀ: ਬਠਿੰਡਾ 30-07-2026

ਵਿਸ਼ਾ- ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ /ਓ.ਬੀ.ਸੀ ਕੰਪੋਨੈਂਟ 1 / 2 ਅਤੇ ਐਨ.ਐਮ.ਐਮ.ਐਸ ਸਕੀਮ ਅਧੀਨ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਬੰਧੀ।

ਉਪਰੋਕਤ ਵਿਸ਼ੇ ਅਨੁਸਾਰ ਐਨ.ਐਸ.ਪੀ ਪੋਰਟਲ ਤੇ ਵਜੀਫਾ ਦੀਆਂ ਕਈ ਸਕੀਮਾਂ ਚਲ ਰਹੀਆਂ ਹਨ-

1) ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ/ਓ.ਬੀ.ਸੀ ਕੰਪੋਨੈਂਟ 1 ਅਤੇ 2 ਅਧੀਨ ਵਿਦਿਆਰਥੀਆਂ ਵੱਲੋਂ ਅਪਲਾਈ ਕਰਨ ਦੀ ਆਖਰੀ ਮਿਤੀ 06 ਅਗਸਤ 2026 ਹੈ।ਇਸ ਮਿਤੀ ਵਿੱਚ ਕਿਸੇ ਵੀ ਤਰ੍ਹਾਂ ਦਾ ਕੋਈ ਵਾਧਾ ਨਹੀਂ ਕੀਤਾ ਜਾਵੇਗਾ।ਸੋ ਸਮੂਹ ਸਕੂਲ ਮੁੱਖੀਆਂ ਨੂੰ ਪਹਿਲਾਂ ਵੀ ਬਹੁਤ ਵਾਰ ਕਿਹਾ ਗਿਆ ਹੈ ਕਿ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਅਪਲਾਈ ਕਰਵਾਇਆ ਜਾਵੇ ਤਾਂ ਜੋ ਸਹੀ ਸਮੇਂ ਤੇ ਵਿਦਿਆਰਥੀਆਂ ਨੂੰ ਵਜੀਫੇ ਦੀ ਅਦਾਇਗੀ ਹੋ ਸਕੇ।ਪ੍ਰੰਤੂ ਬਹੁਤ ਹੀ ਖੇਦ ਦੀ ਗੱਲ ਹੈ ਕਿ ਹਲੇ ਤੱਕ ਜ਼ਿਲ੍ਹਾ ਬਠਿੰਡਾ ਦੇ ਫਰੈਸ਼ 970 ਅਤੇ ਰਿਨਿਊ 1365 ਵਿਦਿਆਰਥੀ ਹੀ ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਕੰਪੋਨੈਂਟ 1 ਅਧੀਨ ਅਪਲਾਈ ਹੋਏ ਹਨ,ਜਿਸ ਦੀ ਗਿਣਤੀ ਪਿਛਲੇ ਚਾਰ ਪੰਜ ਸਾਲਾਂ ਨਾਲੋਂ ਬਹੁਤ ਹੀ ਘੱਟ ਹੈ।ਸੋ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਯੋਗ ਵਿਦਿਆਰਥੀਆਂ ਨੂੰ ਐਨ.ਐਸ.ਪੀ ਪੋਰਟਲ ਤੇ ਅਪਲਾਈ ਕਰਵਾਇਆ ਜਾਵੇ।ਜੇਕਰ ਕੋਈ ਯੋਗ ਵਿਦਿਆਰਥੀ ਇਸ ਸਕੀਮ ਅਧੀਨ ਅਪਲਾਈ ਹੋਣ ਤੋਂ ਵਾਂਝਾ ਰਹਿ ਜਾਂਦਾ ਹੈ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁੱਖੀ ਦੀ ਹੋਵੇਗੀ।

2) ਪ੍ਰੀ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਕੰਪੋਨੈਂਟ 2 ਅਧੀਨ ਕੋਈ ਵਿਦਿਆਰਥੀ ਅਪਲਾਈ ਨਹੀਂ ਕਰਵਾਇਆ ਗਿਆ ਹੈ।ਸੋ ਜੇਕਰ ਕੋਈ ਮਲੀਨ ਧੰਦੇ ਵਾਲਾ ਵਿਦਿਆਰਥੀ ਇਸ ਸਕੀਮ ਤੋਂ ਵਾਂਝਾ ਰਹਿ ਜਾਂਦਾ ਹੈ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁੱਖੀ ਦੀ ਹੋਵੇਗੀ।

3) ਐਨ.ਐਮ.ਐਮ.ਐਸ ਸਕਾਲਰਸ਼ਿਪ ਅਧੀਨ ਵੀ ਬਹੁਤ ਘੱਟ ਵਿਦਿਆਰਥੀਆਂ ਨੂੰ ਅਪਲਾਈ ਕਰਵਾਇਆ ਗਿਆ ਹੈ।ਸੋ ਇਸ ਸਕੀਮ ਅਧੀਨ ਵੀ ਵਿਦਿਆਰਥੀਆਂ ਨੂੰ ਜਲਦ ਤੋਂ ਜਲਦ ਅਪਲਾਈ ਕਰਵਾਇਆ ਜਾਵੇ।

ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ)
ਬਠਿੰਡਾ
30/07/26